# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 01-09-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਹਿਸ਼ਤਗਰਦੀ ਖਿਲਾਫ ਲੜਾਈ ਵਿਚ ਆਲਮੀ ਏਕਤਾ ਦਾ ਸੱਦਾ ਦਿੱਤਾ।

- ਲਗਾਤਾਰ ਹੋ ਰਹੀ ਬਾਰਿਸ਼ ਕਾਰਨ, ਪੰਜਾਬ ਵਿੱਚ ਹੜ੍ਹਾਂ ਸਬੰਧੀ ਹਾਲਤ ਗੰਭੀਰ - ਸੂਬੇ ਵਿੱਚ ਪਹਿਲੀ ਅਗਸਤ ਤੋਂ ਹੁਣ ਤੱਕ ਆਏ ਹੜ੍ਹਾਂ ਵਿੱਚ 29 ਲੋਕਾਂ ਦੀ ਮੌਤ ਅਤੇ 3 ਲਾਪਤਾ।

- ਮੌਸਮ ਵਿਭਾਗ ਵਲੋਂ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਬਹੁਤ ਜ਼ਿਆਦਾ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ-

ਪੰਜਾਬ, ਹਰਿਆਣਾ, ਚੰਡੀਗੜ੍ਹ ਵਿਚ ਵੱਖ-ਵੱਖ ਥਾਵਾਂ 'ਤੇ ਭਾਰੀ ਬਾਰਿਸ਼ ਦੀ ਪੇਸ਼ੀਨਗੋਈ।

- ਚੋਣ ਕਮਿਸ਼ਨ ਵੱਲੋਂ ਡਿਬਰੂਗੜ੍ਹ ਜੇਲ੍ਹ ‘ਚ ਨਜ਼ਰਬੰਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਉਪ-ਰਾਸ਼ਟਰਪਤੀ ਚੋਣ 2025 ਦੇ ਸਬੰਧ ‘ਚ ਪੋਸਟਲ ਬੈਲਟ ਜਾਰੀ ਕਰਨ ਦੇ ਨਿਰਦੇਸ਼।

- ਬਿਹਾਰ ਵਿਖੇ ਏਸ਼ੀਆ ਕੱਪ ਹਾਕੀ ਚੈਂਪੀਅਨਸ਼ਿਪ 2025 ਦੇ ਆਖਰੀ ਲੀਗ ਮੈਚ ਵਿੱਚ, ਭਾਰਤ ਦਾ ਮੁਕਾਬਲਾ ਅੱਜ ਸ਼ਾਮ ਕਜ਼ਾਕਿਸਤਾਨ ਨਾਲ ਹੋਵੇਗਾ।

**ਹੁਣ ਖ਼ਬਰਾਂ ਵਿਸਥਾਰ ਨਾਲ....**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਦਹਿਸ਼ਤਗਰਦੀ 'ਤੇ ਦੋਹਰੇ ਮਾਪਦੰਡ ਅਪਰਵਾਨਯੋਗ ਨੇ। ਤਿਆਨਜਿਨ ਵਿੱਚ ਐਸ.ਸੀ.ਓ ਸੰਮੇਲਨ

ਵਿੱਚ ਆਪਣੇ ਬਿਆਨ ਵਿੱਚ, ਸ਼੍ਰੀ ਮੋਦੀ ਨੇ ਦਹਿਸ਼ਤਗਰਦੀ  ਨੂੰ ਮਨੁੱਖਤਾ ਲਈ ਇੱਕ ਵੱਡੀ ਚੁਣੌਤੀ ਦੱਸਿਆ ਅਤੇ ਕਿਹਾ ਕਿ ਇਸਦੇ ਸਾਰੇ ਰੂਪਾਂ ਵਿੱਚ ਦਹਿਸ਼ਤਗਰਦੀ  ਦੀ ਨਿੰਦਾ ਕੀਤੀ ਜਾਣੀ ਚਾਹੀਦੀ ਏ।

**BYTE**

ਪ੍ਰਧਾਨ ਮੰਤਰੀ ਨੇ ਕਿਹਾ ਕਿ ਐਸ.ਸੀ.ਓ ਪ੍ਰਤੀ ਭਾਰਤ ਦਾ ਦ੍ਰਿਸ਼ਟੀਕੋਣ ਅਤੇ ਨੀਤੀ ਤਿੰਨ ਮਹੱਤਵਪੂਰਨ ਥੰਮ੍ਹਾਂ - ਸੁਰੱਖਿਆ, ਸੰਪਰਕ ਅਤੇ ਮੌਕੇ ਤੇ  'ਤੇ ਅਧਾਰਤ ਏ।

---------------------------------------------------------------

ਪੰਜਾਬ ਵਿੱਚ ਪਹਿਲੀ ਅਗਸਤ ਤੋਂ ਹੁਣ ਤੱਕ ਆਏ ਹੜ੍ਹਾਂ ਵਿੱਚ 29 ਲੋਕਾਂ ਦੀ ਮੌਤ ਹੋਈ ਏ ਅਤੇ 3 ਵਿਅਕਤੀ ਲਾਪਤਾ ਨੇ। ਇਹ ਮੌਤਾਂ ਹੜ੍ਹਾਂ ਤੋਂ ਪ੍ਰਭਾਵਿਤ ਸਾਰੇ 12 ਜ਼ਿਲ੍ਹਿਆਂ ਵਿੱਚ ਹੋਈਆਂ ਨੇ। ਪਠਾਨਕੋਟ ਵਿੱਚ ਸਭ ਤੋਂ ਵੱਧ 6 ਮੌਤਾਂ ਹੋਈਆਂ ਨੇ  ਅਤੇ ਇਸ ਸਰਹੱਦੀ ਜ਼ਿਲ੍ਹੇ ਤੋਂ ਵੀ ਲਾਪਤਾ ਵਿਅਕਤੀਆਂ ਦੀਆਂ ਰਿਪੋਰਟਾਂ ਆਈਆਂ ਨੇ।

ਇਕ ਰਿਪੋਰਟ :RNU010925

ਸੂਬਾ ਸਰਕਾਰ ਦੁਆਰਾ ਜਾਰੀ ਅਧਿਕਾਰਤ ਰਿਪੋਰਟਾਂ ਦਾ ਹਵਾਲਾ ਦਿੰਦੇ ਹੋਏ, ਸਾਡੇ ਜਲੰਧਰ ਪੱਤਰਕਾਰ ਨੇ ਦਸਿਆ ਏ ਕਿ 2 ਲਖ 46 ਹਜ਼ਾਰ ਤੋਂ ਵੱਧ ਆਬਾਦੀ ਪ੍ਰਭਾਵਿਤ ਹੋਈ ਏ। ਸਭ ਤੋਂ ਵੱਧ ਪ੍ਰਭਾਵਿਤ 1 ਲਖ 45 ਹਜ਼ਾਰ ਇਕੱਲੇ ਗੁਰਦਾਸਪੁਰ ਵਿੱਚ ਏ। 15 ਹਜ਼ਾਰ 600 ਤੋਂ ਵੱਧ ਵਿਅਕਤੀਆਂ ਨੂੰ ਸੁਰੱਖਿਅਤ ਥਾਵਾਂ ਤੇ ਲਿਜਾਇਆ ਗਿਆ ਏ। ਹੜ੍ਹਾਂ ਨੇ ਸੂਬੇ ਵਿੱਚ 94 ਹਜ਼ਾਰ ਹੈਕਟੇਅਰ ਤੋਂ ਵੱਧ ਫਸਲੀ ਰਕਬਾ ਪ੍ਰਭਾਵਿਤ ਕੀਤਾ ਏ। ਸੂਬੇ ਦੇ ਅੰਮ੍ਰਿਤਸਰ, ਪਠਾਨਕੋਟ, ਗੁਰਦਸਪੂਰ, ਫਾਜ਼ਿਲਕਾ, ਹੋਸ਼ਿਆਰਪੁਰ ਤੇ ਕਪੂਰਥਲਾ ਹੜਾਂ ਦੀ ਮਾਰ ਝੱਲ ਰਹੇ ਨੇ ਓਥੇ ਹੀ ਪਟਿਆਲਾ ਜ਼ਿਲੇ ਦੇ ਰਾਜਪੁਰਾ ਸਬ ਡਵੀਜਨ ਦੇ ਕੁਝ ਪਿੰਡ ਘੱਗਰ ਤੇ ਟਾਂਗਰੀ ਨਦੀ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਏ ਨੇ ਇਸੇ ਤਰਾਂ ਜਲੰਧਰ ਅਤੇ ਲੁਧਿਆਣਾ ਦੇ ਕੁਝ ਖੇਤਰ ਵੀ ਪ੍ਰਭਾਵਿਤ ਨੇ।

ਸੂਬੇ ਭਰ ਵਿਚ ਜ਼ਿਲਾ ਪੱਧਰੀ ਹੈਲਪਲਾਈਨ ਨੰਬਰ ਸਥਾਪਿਤ ਕੀਤੇ ਗਏ ਨੇ ਓਸੇ ਤਰਾਂ ਸੂਬਾ ਪੱਧਰੀ ਹੜ ਕੰਟਰੋਲ ਰੂਮ ਨੰਬਰ 0181-224-00-64 ਕਾਇਮ ਕੀਤਾ ਹੋਇਆ ਏ।

ਮੁਸੀਬਤ ਅਜੇ ਰੁਕੀ ਨਹੀਂ ਏ।

-----------------------------------------------------------

ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਪੱਤਰ ਲਿਖ ਕੇ, ਪੰਜਾਬ ਲਈ ਵਿਸ਼ੇਸ਼ ਰਾਹਤ ਪੈਕੇਜ ਦੀ ਮੰਗ ਕੀਤੀ ਏ। ਮੀਤ ਹੇਅਰ ਨੇ ਕਿਹਾ ਕਿ ਕਿ ਪੰਜਾਬ ਨੂੰ ਤੁਰੰਤ 20 ਹਜ਼ਾਰ ਕਰੋੜ ਰੁਪਏ ਦੀ ਅੰਤਰਿਮ ਰਾਹਤ ਦਿੱਤੀ ਜਾਵੇ ਅਤੇ ਬਾਕੀ ਨੁਕਸਾਨ ਦੇ ਪੂਰੇ ਜਾਇਜ਼ੇ ਤੋਂ ਬਾਅਦ ਵਿਆਪਕ ਪੈਕੇਜ ਦਿੱਤਾ ਜਾਵੇ। ਮੀਤ ਹੇਅਰ ਨੇ ਅੱਜ ਅੰਮ੍ਰਿਤਸਰ ਦੇ ਹਾੜ ਪ੍ਰਭਾਵਿਤ ਇਲਾਕਿਆਂ ਦਾ ਦੌਰਾਨ ਕੀਤਾ ਤੇ ਲੋਕਾਂ ਦਾ ਹਾਲ ਜਾਣਿਆ। ਅੰਮ੍ਰਿਤਸਰ ਜਿਲੇ ਦੇ ਹੜ ਪ੍ਰਭਾਵਿਤ ਇਲਾਕੇ ਵਿੱਚ ਬਚਾਅ ਅਤੇ ਰਾਹਤ ਕਾਰਜਾਂ ਦੇ ਕੰਮ ਵਿੱਚ ਸਾਥ ਦੇਣ ਲਈ ਮੁੱਖ ਮੰਤਰੀ  ਵੱਲੋਂ ਬਣਾਈ ਗਈ ਉੱਚ ਤਾਕਤੀ ਕਮੇਟੀ ਜਿਸ ਦੇ ਮੈਂਬਰ ਕਮਲ ਕਿਸ਼ੋਰ ਯਾਦਵ ਨੇ ਅੱਜ ਟੀਮਾਂ ਨਾਲ ਮੀਟਿੰਗ ਕੀਤੀ। ਸ੍ਰੀ ਯਾਦਵ ਨੇ ਹੁਣ ਤੱਕ ਜਿਲਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ।ਓਧਰ ਅੰਮ੍ਰਿਤਸਰ ਦੇ ਸਿਵਲ ਸਰਜਨ ਡਾ. ਸਵਰਨਜੀਤ ਸਿੰਘ ਧਵਨ ਨੇ ਕਿਹਾ ਕਿ ਹੜਾਂ ਦੌਰਾਨ ਨਾਲ ਫੈਲਣ ਵਾਲੀਆਂ ਬਿਮਾਰੀਆਂ ਤੋਂ

ਬਚਾਅ ਲਈ, ਇਸ ਵੇਲੇ ਜ਼ਿਲ੍ਹੇ ਵਿੱਚ 35 ਮੈਡੀਕਲ ਟੀਮਾਂ ਸਰਗਰਮ ਨੇ।

**BYTE**

ਓਧਰ ਗੁਰਦਾਸਪੁਰ ਦੇ ਜ਼ਿਲ੍ਹੇ ਵਿਚ ਰਾਵੀ ਦਰਿਆ ਦੇ ਮਕੋੜਾ ਪੱਤਨ ਤੋਂ ਪਾਰ ਪੈਂਦੇ 7 ਪਿੰਡ, ਜਿਨ੍ਹਾਂ ਦਾ ਹੜ੍ਹਾ ਦੌਰਾਨ ਦੇਸ਼  ਨਾਲੋਂ ਸੰਪਰਕ ਟੁੱਟ ਗਿਆ ਸੀ । NDRF ਦੇ ਡਿੱਪਟੀ ਕਮਾਂਡਰ ਦੀਪਕ ਸਿੰਘ ਹੁਰਾ ਨੇ ਦੱਸਿਆ ਕਿ ਅੱਜ ਕਾਫੀ ਦਿਨਾਂ ਬਾਅਦ ਪਾਣੀ ਦਾ ਪੱਧਰ ਘਟਣ ਮਗਰੋਂ ਇਨ੍ਹਾਂ 7 ਪਿੰਡਾਂ ਵਾਸਤੇ NDRF ਦੀਆ ਟੀਮਾਂ ਵਲੋਂ ਪ੍ਰਸਾਸਨ ਦੀ ਮਦਦ ਨਾਲ ਦਰਿਆ ਦੇ ਪਾਰ ਬੇੜਿਆ ਰਾਹੀ ਖਾਨ ਪੀਣ ਦਾ ਸਾਮਾਨ ਅਤੇ ਪਸ਼ੂਆਂ ਦਾ ਚਾਰਾ ਭੇਜਿਆ ਗਿਆ ।  NDRF ਵਲੋਂ ਦਰਿਆ ਪਾਰ ਤੋਂ ਲਿਆਦੇ ਗਏ ਲੋਕਾਂ ਨੇ  NDRF ਦਾ ਬਹੁਤ ਧੰਨਵਾਦ ਕੀਤਾ ।

**BYTE**

ਓਧਰ ਪਟਿਆਲਾ ਡ੍ਰੇਨੇਜ ਵਿਭਾਗ ਨੇ ਕਿਹਾ ਕਿ ਵੱਡੀ ਨਦੀ ਵਿੱਚ ਪਾਣੀ ਆਉਣ ਸਬੰਧੀ ਫਿਲਹਾਲ ਕਿਸੇ ਵੀ ਤਰ੍ਹਾਂ ਦਾ ਕੋਈ ਖਤਰਾ ਨਹੀਂ ਏ ।

ਨਦੀ ਦਾ ਪਾਣੀ ਪੱਧਰ ਕਾਬੂ ਹੇਠ ਏ ਅਤੇ ਕੋਈ ਚਿੰਤਾ ਵਾਲੀ ਸਥਿਤੀ ਨਹੀਂ ਏ । ਲੋਕਾਂ ਨੂੰ ਬੇਨਤੀ ਏ ਕਿ ਅਫ਼ਵਾਵਾਂ 'ਤੇ ਧਿਆਨ ਨਾ ਦੇਣ ਅਤੇ ਸ਼ਾਂਤ ਰਹਿਣ । ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-235-05-50 ਤੇ 235-85-50 ਉਪਰ ਸੂਚਿਤ ਕੀਤਾ ਜਾਵੇ।

-----------------------------------------------------

ਅੱਜ ਜਲੰਧਰ ਲੁਧਿਆਣਾ ਸਮੇਤ ਸੂਬੇ ਦੇ ਹੋਰਨਾਂ ਕਈ ਜ਼ਿਲਿਆਂ ਵਿਚ ਲਗਾਤਾਰ ਪਏ ਮੀਹ ਕਾਰਨ ਵੱਖ ਵੱਖ ਥਾਈਂ ਪਾਣੀ ਭਰਨ ਨਾਲ, ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ । ਮੀਂਹ ਨਾਲ ਕੁਝ ਥਾਵਾਂ ਤੇ ਵਾਹਨ ਨੁਕਸਾਨੇ ਗਏ ਤੇ ਬਿਜਲੀ ਦੀ ਅਪਲਾਈ ਵੀ ਪ੍ਰਭਾਵਿਤ ਹੋਈ । ਜਲੰਧਰ ਦੇ  ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਵਿੱਚ 12 ਘੰਟਿਆਂ ਤੋਂ ਵੱਧ ਸਮੇਂ ਤੱਕ ਹੋਈ ਲਗਾਤਾਰ ਬਾਰਿਸ਼ ਤੋਂ ਬਾਅਦ ਪਾਣੀ ਜਮ੍ਹਾ ਹੋਣ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ।

ਜਲੰਧਰ ਪ੍ਰਸ਼ਾਸਨ, ਨਗਰ ਨਿਗਮ ਅਤੇ ਪੁਲਿਸ ਵਿਭਾਗ ਦੇ ਸਾਂਝੇ ਯਤਨਾਂ ਨਾਲ ਜ਼ਿਆਦਾਤਰ ਪ੍ਰਭਾਵਿਤ ਇਲਾਕਿਆਂ ’ਚੋਂ ਮੀਂਹ ਦੇ ਪਾਣੀ ਦੀ ਜਲਦ ਨਿਕਾਸੀ ਨੂੰ ਯਕੀਨੀ ਬਣਾਇਆ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹ ਕੰਟਰੋਲ ਰੂਮ ਵਿੱਚ ਘਰਾਂ ਅਤੇ ਬੇਸਮੈਂਟਾਂ ਵਿੱਚ ਪਾਣੀ ਦਾਖ਼ਲ ਹੋਣ ਸਬੰਧੀ 200 ਤੋਂ ਵੱਧ ਫੋਨ ਆਏ। ਉਨ੍ਹਾਂ ਕਿਹਾ ਕਿ ਸਾਡੀਆਂ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਮੀਂਹ ਦੇ ਪਾਣੀ ਦੀ ਨਿਕਾਸੀ ਨੂੰ ਯਕੀਨੀ ਬਣਾਇਆ ਅਤੇ ਇਹ ਕੰਮ ਲਗਾਤਾਰ ਜਾਰੀ ਏ। ਉਨ੍ਹਾਂ ਕਿਹਾ ਕਿ ਮੀਂਹ ਦਾ ਪਾਣੀ ਕਾਲਾ ਸੰਘਿਆ ਡਰੇਨ ਵਿੱਚ ਛੱਡਿਆ ਗਿਆ । ਡਾ. ਅਗਰਵਾਲ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਬੰਨ੍ਹ ਦੇ ਟੁੱਟਣ ਦੀ ਕੋਈ ਸੂਚਨਾ ਨਹੀਂ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 54 ਰਾਹਤ ਕੇਂਦਰ ਸਥਾਪਤ ਕੀਤੇ ਗਏ ਨੇ। ਲੋਕਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕਰਦਿਆਂ ਡਾ. ਅਗਰਵਾਲ ਨੇ ਭਰੋਸਾ ਦਿਵਾਇਆ ਕਿ ਸ਼ਹਿਰ ਅਤੇ ਦਰਿਆ ਦੋਵਾਂ ਦੀ ਸਥਿਤੀ ਕੰਟਰੋਲ ਵਿੱਚ ਏ। ਉਨ੍ਹਾਂ ਨੇ ਸਹਾਇਤਾ ਲਈ ਜ਼ਿਲ੍ਹੇ ਦੇ ਹੜ੍ਹ ਕੰਟਰੋਲ ਰੂਮ ਨੰਬਰ 0181-224-

00-64 ਅਤੇ ਵਟਸਐਪ ਮੇਸੇਜ ਨੰਬਰ 9646-222-555 ਵੀ ਸਾਂਝੇ ਕੀਤੇ।

---------------------------------------------------------

ਜੰਮੂ-ਕਸ਼ਮੀਰ ਵਿੱਚ, ਤ੍ਰਿਕੁਟਾ ਪਹਾੜੀਆਂ ਵਿੱਚ ਮੌਸਮ ਦੀ ਖਰਾਬੀ ਦੇ ਮੱਦੇਨਜ਼ਰ ਚੌਕਸੀ ਵਜੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਯਾਤਰਾ ਅੱਜ ਲਗਾਤਾਰ 7ਵੇਂ ਦਿਨ ਵੀ ਅਸਥਾਈ ਤੌਰ ’ਤੇ ਰੋਕ ਦਿੱਤੀ ਗਈ ਏ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਪਿਛਲੇ ਹਫ਼ਤੇ ਲਗਾਤਾਰ ਮੀਂਹ ਕਾਰਨ ਬਾਣਗੰਗਾ ਵਿੱਚ ਅਚਾਨਕ ਹੜ੍ਹ ਆ ਗਏ ਸਨ, ਜਿਸ ਕਾਰਨ ਅਧਿਕਾਰੀਆਂ ਨੂੰ ਸ਼ਰਧਾਲੂਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਆਵਾਜਾਈ ਨੂੰ ਰੋਕਣਾ ਪਿਆ।

---------------------------------------------------------

ਮੌਸਮ ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਬਹੁਤ ਜ਼ਿਆਦਾ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ ਕੀਤਾ ਏ । ਅਗਲੇ ਦੋ ਦਿਨਾਂ ਲਈ ਪੰਜਾਬ ਹਰਿਆਣਾ, ਚੰਡੀਗੜ੍ਹ, ਪੂਰਬੀ ਰਾਜਸਥਾਨ, ਦਿੱਲੀ, ਜੰਮੂ ਅਤੇ ਕਸ਼ਮੀਰ, ਲੱਦਾਖ ਅਤੇ ਉੱਤਰ ਪ੍ਰਦੇਸ਼ ਵਿੱਚ ਵੱਖ-ਵੱਖ

ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਸਤੰਬਰ ਦੇ ਮਹੀਨੇ ਵਿੱਚ ਆਮ ਤੋਂ ਵੱਧ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਏ। ਵਿਭਾਗ ਦੀ ਮਹੀਨੇਵਾਰ ਭਵਿੱਖਬਾਣੀ ਰਿਪੋਰਟ ਵਿੱਚ ਕਿਹਾ ਗਿਆ ਏ ਕਿ ਇਸ ਮਹੀਨੇ, ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਆਮ ਜਾਂ ਆਮ ਤੋਂ ਵੱਧ ਬਾਰਿਸ਼ ਹੋਵੇਗੀ। ਮੌਸਮ ਵਿਭਾਗ ਨੇ ਕਿਹਾ ਕਿ ਆਮ ਤੋਂ ਵੱਧ ਬਾਰਿਸ਼, ਖੇਤੀਬਾੜੀ ਅਤੇ ਪਾਣੀ ਦੇ ਸਰੋਤਾਂ ਨੂੰ ਲਾਭ ਪਹੁੰਚਾਏਗੀ ਪਰ ਹੜ੍ਹਾਂ ਅਤੇ ਜ਼ਮੀਨ ਖਿਸਕਣ ਦਾ ਖ਼ਤਰਾ ਹੋ ਸਕਦਾ ਏ। ਆਵਾਜਾਈ ਵਿੱਚ ਵਿਘਨ ਅਤੇ ਸਿਹਤ ਚੁਣੌਤੀਆਂ ਦਾ ਖ਼ਤਰਾ ਵਧ ਸਕਦਾ ਏ ਅਤੇ ਵਾਤਾਵਰਣ ਪ੍ਰਣਾਲੀ ਨੂੰ ਨੁਕਸਾਨ ਪਹੁੰਚ ਸਕਦਾ ਏ। ਸਾਲ 2021 ਤੋਂ, ਮੌਸਮ ਵਿਭਾਗ ਦੇਸ਼ ਵਿੱਚ ਦੱਖਣ-ਪੱਛਮੀ ਮਾਨਸੂਨ ਬਾਰਿਸ਼ ਦੀ ਮਹੀਨੇਵਾਰ ਅਤੇ ਮੌਸਮੀ ਭਵਿੱਖਬਾਣੀ ਜਾਰੀ ਕਰ ਰਿਹਾ ਏ।

---------------------------------------------------------

ਗ੍ਰਿਹ ਮੰਤਰਾਲੇ ਨੇ ਪੰਜਾਬ ,ਹਿਮਾਚਲ ਪ੍ਰਦੇਸ਼, ਉਤਰਾਖੰਡ, ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ,ਬੱਦਲ ਫਟਣ, ਜ਼ਮੀਨ ਖਿਸਕਣ ਅਤੇ ਅਚਾਨਕ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਅੰਤਰ-

ਮੰਤਰਾਲਾ ਕੇਂਦਰੀ ਟੀਮਾਂ ਦਾ ਗਠਨ ਕੀਤਾ ਏ । ਮੰਤਰਾਲੇ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਿਰਦੇਸ਼ਾਂ 'ਤੇ, ਇਹ ਟੀਮਾਂ ਮੌਕੇ 'ਤੇ ਜਾਣਗੀਆਂ ਅਤੇ ਸਥਿਤੀ ਦਾ ਮੁਲਾਂਕਣ ਕਰਨਗੀਆਂ ਅਤੇ ਰਾਜ ਸਰਕਾਰਾਂ ਦੇ ਰਾਹਤ ਕਾਰਜਾਂ ਦੀ ਸਮੀਖਿਆ ਕਰਨਗੀਆਂ। ਕੇਂਦਰੀ ਟੀਮਾਂ ਪੰਜਾਬ ਹਿਮਾਚਲ ਪ੍ਰਦੇਸ਼, ਉਤਰਾਖੰਡ ਅਤੇ ਜੰਮੂ-ਕਸ਼ਮੀਰ ਦੇ ਹੜ੍ਹ ਅਤੇ ਜ਼ਮੀਨ ਖਿਸਕਣ ਤੋਂ ਪ੍ਰਭਾਵਿਤ ਜ਼ਿਲ੍ਹਿਆਂ ਦਾ ਦੌਰਾ ਕਰਨਗੀਆਂ । ਹਰੇਕ ਟੀਮ ਦੀ ਅਗਵਾਈ ਗ੍ਰਹਿ ਮੰਤਰਾਲੇ ਜਾਂ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਦੇ ਸੰਯੁਕਤ ਸਕੱਤਰ ਪੱਧਰ ਦੇ ਅਧਿਕਾਰੀ ਕਰਨਗੇ। ਮੰਤਰਾਲਾ ਪ੍ਰਭਾਵਿਤ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਏ ਅਤੇ ਉਨ੍ਹਾਂ ਨੂੰ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਏ ।

---------------------------------------------------------------

ਚੋਣ ਕਮਿਸ਼ਨ ਨੇ ਖਡੂਰ ਸਾਹਿਬ ਸੰਸਦੀ ਹਲਕੇ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ, ਉਪ-ਰਾਸ਼ਟਰਪਤੀ ਚੋਣ, 2025 ਲਈ ਵੋਟ ਪਾਉਣ ਦੀ ਸਹੂਲਤ ਦੇਣ ਸਬੰਧੀ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਨੇ।

ਜ਼ਿਕਰਯੋਗ ਏ ਕਿ ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਸਥਿਤ ਕੇਂਦਰੀ ਜੇਲ੍ਹ ਵਿੱਚ ਕੌਮੀ ਸੁਰੱਖਿਆ ਐਕਟ, 1980 ਤਹਿਤ ਨਜ਼ਰਬੰਦ ਨੇ । ਰਾਸ਼ਟਰਪਤੀ ਅਤੇ ਉਪ-ਰਾਸ਼ਟਰਪਤੀ ਚੋਣ ਨਿਯਮਾਂ, 1974 ਦੇ ਨਿਯਮ 26 ਦੇ ਉਪਬੰਧਾਂ ਅਨੁਸਾਰ ਕਮਿਸ਼ਨ ਨੇ ਨਿਰਦੇਸ਼ ਦਿੱਤਾ ਏ ਕਿ ਉਨ੍ਹਾਂ ਨੂੰ ਵੋਟ ਪਾਉਣ ਦੀ ਸਹੂਲਤ ਦੇਣ ਲਈ ਇੱਕ ਪੋਸਟਲ ਬੈਲਟ ਪੇਪਰ ਜਾਰੀ ਕੀਤਾ ਜਾਵੇ। ਨਿਰਧਾਰਤ ਪ੍ਰਕਿਰਿਆ ਦੇ ਅਨੁਸਾਰ ਨਜ਼ਰਬੰਦੀ ਅਧੀਨ ਜੇਲ੍ਹ ‘ਚ ਬੰਦ ਵੋਟਰਾਂ ਲਈ ਪੋਸਟਲ ਬੈਲਟ ਪੇਪਰ ਸਿਰਫ਼ ਵੋਟਾਂ ਵਾਲੇ ਦਿਨ ਹੀ ਪ੍ਰਦਾਨ ਕੀਤੇ ਜਾਂਦੇ ਨੇ ਅਤੇ ਨਿਸ਼ਾਨ ਲੱਗਿਆ ਪੋਸਟਲ ਬੈਲਟ ਵਾਲਾ ਸੀਲਬੰਦ ਲਿਫ਼ਾਫ਼ਾ ਵੋਟਾਂ ਦੀ ਗਿਣਤੀ ਸ਼ੁਰੂ ਹੋਣ ਤੋਂ ਪਹਿਲਾਂ ਰਿਟਰਨਿੰਗ ਅਫਸਰ ਕੋਲ ਪਹੁੰਚਣਾ ਲਾਜ਼ਮੀ ਏ । ਇਸ ਅਨੁਸਾਰ ਕਮਿਸ਼ਨ ਨੇ ਗ੍ਰਹਿ ਮੰਤਰਾਲੇ ਅਤੇ ਅਸਾਮ ਸਰਕਾਰ ਦੇ ਮੁੱਖ ਸਕੱਤਰ ਨੂੰ ਨਿਰਦੇਸ਼ ਦਿੱਤੇ ਨੇ ਕਿ ਉਹ, ਇਹ ਯਕੀਨੀ ਬਣਾਉਣ ਕਿ ਅੰਮ੍ਰਿਤਪਾਲ ਸਿੰਘ ਦੁਆਰਾ ਨਿਸ਼ਾਨ ਲੱਗਿਆ ਪੋਸਟਲ ਬੈਲਟ ਵਾਲਾ ਸੀਲਬੰਦ ਲਿਫ਼ਾਫ਼ਾ ਅਸਾਮ ਦੇ ਡਿਬਰੂਗੜ੍ਹ ਤੋਂ ਇੱਕ ਵਿਸ਼ੇਸ਼ ਸੰਦੇਸ਼ਵਾਹਕ ਦੁਆਰਾ ਹਵਾਈ ਸਫ਼ਰ ਰਾਹੀਂ ਲਿਜਾਇਆ ਜਾਵੇ ਤਾਂ ਜੋ ਇਹ ਵੋਟਾਂ ਦੀ

ਗਿਣਤੀ ਲਈ ਨਿਰਧਾਰਤ  9 ਸਤੰਬਰ ਨੂੰ ਸ਼ਾਮ 6 ਵਜੇ ਤੋਂ ਪਹਿਲਾਂ ਰਿਟਰਨਿੰਗ ਅਫਸਰ ਕੋਲ ਪਹੁੰਚ ਜਾਵੇ। ਸਬੰਧਤ ਅਧਿਕਾਰੀਆਂ ਨੂੰ ਇਸ ਸਬੰਧੀ ਤੁਰੰਤ ਪ੍ਰਬੰਧ ਕਰਕੇ ਕਮਿਸ਼ਨ ਨੂੰ ਇਸ ਬਾਰੇ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਗਏ ਨੇ ।

---------------------------------------------------------------

ਕੱਲ੍ਹ ਅਫਗਾਨਿਸਤਾਨ ਦੇ ਕੁਨਾਰ ਸੂਬੇ ਦੇ ਜਲਾਲਾਬਾਦ ਸ਼ਹਿਰ ਦੇ ਨੇੜੇ ਆਏ 6 ਤੀਬਰਤਾ ਦੇ ਭੂਚਾਲ ਵਿੱਚ 800 ਤੋਂ ਵੱਧ ਲੋਕ ਮਾਰੇ ਗਏ ਅਤੇ 2500 ਹੋਰ ਜ਼ਖਮੀ ਹੋ ਗਏ। ਅਮਰੀਕੀ ਭੂ-ਵਿਗਿਆਨਕ ਸਰਵੇਖਣ ਦੇ ਅਨੁਸਾਰ, ਭੂਚਾਲ ਦਾ ਕੇਂਦਰ ਨੰਗਰ-ਹਾਰ ਸੂਬੇ ਦੇ ਜਲਾਲਾਬਾਦ ਸ਼ਹਿਰ ਤੋਂ 27 ਕਿਲੋਮੀਟਰ ਪੂਰਬ-ਉੱਤਰ-ਪੂਰਬ ਵਿੱਚ ਸੀ।  ਬਚਾਅ ਟੀਮਾਂ ਦੂਰ-ਦੁਰਾਡੇ ਦੇ ਖੇਤਰਾਂ ਤੱਕ ਪਹੁੰਚਣ ਲਈ ਤੇਜ਼ ਰਫ਼ਤਾਰ ਨਾਲ ਕੰਮ ਕਰ ਰਹੀਆਂ ਨੇ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭੂਚਾਲ ਵਿੱਚ ਜਾਨਾਂ ਗੁਆਉਣ ਵਾਲੇ ਪਰਿਵਾਰਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਏ ਅਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ ।

---------------------------------------------------------------

ਭਾਰਤ ਹਾਕੀ ਏਸ਼ੀਆ ਕੱਪ ਵਿੱਚ ਅੱਜ ਕਜ਼ਾਕਿਸਤਾਨ ਨਾਲ ਆਪਣਾ ਆਖਰੀ ਪੂਲ ਮੈਚ ਖੇਡੇਗਾ। ਮੈਚ ਸ਼ਾਮ ਸਾਡੇ 7 ਵਜੇ ਸ਼ੁਰੂ ਹੋਵੇਗਾ। ਮੈਚ ਦੀ ਲਾਈਵ ਕੁਮੈਂਟਰੀ FM Rainbow ਅਤੇ ਆਕਾਸ਼ਵਾਣੀ ਦੇ ਹੋਰ ਮੀਟਰਾਂ 'ਤੇ ਸ਼ਾਮ 7 ਵੱਜਕੇ 25 ਮਿੰਟ ਤੋਂ ਸੁਣੀ ਜਾ ਸਕਦੀ ਏ। ਭਾਰਤ ਆਪਣੇ ਦੋਵੇਂ ਮੈਚ ਜਿੱਤ ਕੇ ਪੂਲ-ਏ ਵਿੱਚ ਸਿਖਰ 'ਤੇ ਏ ਅਤੇ ਸੁਪਰ ਫੋਰ ਗੇੜ 'ਤੇ ਪਹੁੰਚ ਗਿਆ ਏ। ਇਸ ਦੇ ਨਾਲ ਹੀ, ਅੱਜ ਪੂਲ-ਬੀ ਵਿੱਚ, ਦੱਖਣੀ ਕੋਰੀਆ ਨੇ ਬੰਗਲਾਦੇਸ਼ ਨੂੰ 5-1 ਨਾਲ ਹਰਾਇਆ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਹਿਸ਼ਤਗਰਦੀ ਖਿਲਾਫ ਲੜਾਈ ਵਿਚ ਆਲਮੀ ਏਕਤਾ ਦਾ ਸੱਦਾ ਦਿੱਤਾ।

- ਲਗਾਤਾਰ ਹੋ ਰਹੀ ਬਾਰਿਸ਼ ਕਾਰਨ, ਪੰਜਾਬ ਵਿੱਚ ਹੜ੍ਹਾਂ ਸਬੰਧੀ ਹਾਲਤ ਗੰਭੀਰ - ਸੂਬੇ ਵਿੱਚ ਪਹਿਲੀ ਅਗਸਤ ਤੋਂ ਹੁਣ ਤੱਕ ਆਏ ਹੜ੍ਹਾਂ ਵਿੱਚ 29 ਲੋਕਾਂ ਦੀ ਮੌਤ ਅਤੇ 3 ਲਾਪਤਾ।

- ਮੌਸਮ ਵਿਭਾਗ ਵਲੋਂ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਬਹੁਤ ਜ਼ਿਆਦਾ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ- ਪੰਜਾਬ, ਹਰਿਆਣਾ, ਚੰਡੀਗੜ੍ਹ ਵਿਚ ਵੱਖ-ਵੱਖ ਥਾਵਾਂ 'ਤੇ ਭਾਰੀ ਬਾਰਿਸ਼ ਦੀ ਪੇਸ਼ੀਨਗੋਈ।

- ਚੋਣ ਕਮਿਸ਼ਨ ਵੱਲੋਂ ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਉਪ-ਰਾਸ਼ਟਰਪਤੀ ਚੋਣ 2025 ਦੇ ਸਬੰਧ 'ਚ ਪੋਸਟਲ ਬੈਲਟ ਜਾਰੀ ਕਰਨ ਦੇ ਨਿਰਦੇਸ਼।

- ਬਿਹਾਰ ਵਿਖੇ ਏਸ਼ੀਆ ਕੱਪ ਹਾਕੀ ਚੈਂਪੀਅਨਸ਼ਿਪ 2025 ਦੇ ਆਖਰੀ ਲੀਗ ਮੈਚ ਵਿੱਚ, ਭਾਰਤ ਦਾ ਮੁਕਾਬਲਾ ਅੱਜ ਸ਼ਾਮ ਕਜ਼ਾਕਿਸਤਾਨ ਨਾਲ ਹੋਵੇਗਾ।

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ

ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸਾਢੇ 7 ਵਜੇ .

ਨਮਸਕਾਰ